# ਪੰਜਾਬ ਸਕੂਲ ਸਿੱਖਿਆ ਬੋਰਡ
## (ਪ੍ਰੈੱਸ ਨੋਟ)

## ਸਕੂਲ ਬੋਰਡ ਵੱਲੋਂ 17 ਅਗਸਤ ਨੂੰ ਹੋਣ ਵਾਲੀ ਪ੍ਰੀਖਿਆ ਰੱਦ
## ਬੋਰਡ ਦੇ ਵਿੱਦਿਅਕ ਮੁਕਾਬਲੇ ਵੀ ਰੱਦ-ਤਰੀਕਾਂ ਦਾ ਐਲਾਨ ਬਾਅਦ ਵਿੱਚ

ਐੱਸ.ਏ.ਐੱਸ ਨਗਰ 16 ਅਗਸਤ (    ) ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਪ੍ਰੈੱਸ ਨੂੰ ਜਾਰੀ ਕੀਤੀ ਜਾਣਕਾਰੀ 'ਚ ਦੱਸਿਆ ਗਿਆ ਹੈ ਕਿ ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਮਾਣਯੋਗ ਸ੍ਰੀ ਅਟਲ ਬਿਹਾਰੀ ਵਾਜਪਾਈ ਜੀ ਦੇ ਅਚਾਨਕ ਸਵਰਗਵਾਸ ਹੋ ਜਾਣ ਦੇ ਸ਼ੋਕ ਵਜੋਂ ਦਸਵੀਂ/ਬਾਰ੍ਹਵੀਂ ਦੇ ਅਨੁਪੂਰਕ ਇਮਤਿਹਾਨ ਅਤੇ ਬੋਰਡ ਦੇ ਅਕਾਦਮਿਕ ਵਿੱਦਿਅਕ ਮੁਕਾਬਲਿਆਂ ਦੇ ਪ੍ਰੋਗਰਾਮ ਰੱਦ ਕਰ ਦਿੱਤੇ ਗਏ ਹਨ।

ਪੰਜਾਬ ਸਕੂਲ ਬੋਰਡ ਦੇ ਚੇਅਰਮੈਨ ਸ੍ਰੀ ਮਨੋਹਰ ਕਾਂਤ ਕਲੋਹੀਆ ਵੱਲੋਂ ਜਾਰੀ ਕੀਤੀ ਸੂਚਨਾ ਮੁਤਾਬਕ ਬੋਰਡ ਵੱਲੋਂ 17 ਅਗਸਤ ਨੂੰ ਹੋਣ ਵਾਲੀਆਂ ਦਸਵੀਂ ਤੇ ਬਾਰ੍ਹਵੀਂ ਦੀਆਂ ਪ੍ਰੀਖਿਆਵਾਂ ਰੱਦ ਕਰ ਦਿੱਤੀਆਂ ਗਈਆਂ ਹਨ ਅਤੇ 17 ਅਗਸਤ ਨੂੰ ਹੋਣ ਵਾਲੇ ਪੇਪਰ ਦੀ ਮਿਤੀ ਬਾਅਦ ਵਿੱਚ ਜਾਰੀ ਕੀਤੀ ਜਾਵੇਗੀ । ਉਨ੍ਹਾਂ ਦੱਸਿਆ ਕਿ ਉਪੋਕਤ ਸ਼੍ਰੇਣੀਆਂ ਦੇ ਬਾਕੀ ਇਮਤਿਹਾਨ ਪਹਿਲਾਂ ਜਾਰੀ ਡੇਟ-ਸ਼ੀਟ ਮੁਤਾਬਕ ਹੋਣਗੇ। ਸ੍ਰੀ ਕਲੋਹੀਆ ਨੇ ਅੱਗੇ ਜਾਣਕਾਰੀ ਦਿੰਦਿਆ ਦੱਸਿਆ ਕਿ ਸਕੂਲ ਬੋਰਡ ਵੱਲੋਂ ਹਰ ਸਾਲ ਕਰਵਾਏ ਜਾਣ ਵਾਲੇ ਅਕਾਦਮਿਕ ਵਿੱਦਿਅਕ ਮੁਕਾਬਲੇ ਜੋ ਕਿ 17,18,19 ਅਗਸਤ ਨੂੰ ਜ਼ਿਲ੍ਹਾ ਪੱਧਰ ਤੇ ਕਰਵਾਏ ਜਾਣੇ ਸਨ, ਇਹ ਮੁਕਾਬਲੇ ਵੀ ਹਾਲ ਦੀ ਘੜੀ ਰੱਦ ਕਰ ਦਿੱਤੇ ਗਏ ਹਨ ਅਤੇ ਇਨ੍ਹਾਂ ਦੀਆਂ ਤਰੀਕਾਂ ਦਾ ਐਲਾਨ ਬਾਅਦ ਵਿੱਚ ਕੀਤਾ ਜਾਵੇਗਾ।

ਮਿਤੀ:-16-08-2018

ਕੋਮਲ ਸਿੰਘ (ਲੋਕ ਸੰਪਰਕ ਦਫ਼ਤਰ)
ਪੰਜਾਬ ਸਕੂਲ ਸਿੱਖਿਆ ਬੋਰਡ।

Scanned by CamScanner